# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

**19:30**

**ਮਿਤੀ : 07-09-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਰੱਖਿਆ ਖ਼ਰੀਦ ਪ੍ਰੀਸ਼ਦ ਨੇ ਅੱਜ ਹਥਿਆਰਬੰਦ ਫੌਜਾਂ ਲਈ, ਇੱਕ ਲੱਖ 10 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀਆਂ ਰੱਖਿਆ ਖ਼ਰੀਦ ਤਜਵੀਜ਼ਾਂ ਨੂੰ ਮਨਜ਼ੂਰੀ ਦੇ ਦਿੱਤੀ ਏ।

- ਦਿੱਲੀ ਹਾਈ ਕੋਰਟ ਨੇ ਦਿੱਲੀ ਨਗਰ ਨਿਗਮ ਨੂੰ ਰਾਜਧਾਨੀ ਦੇ ਸੱਤਿਆ ਨਿਕੇਤਨ ਇਲਾਕੇ ਵਿੱਚ, ਇੱਕ ਇਮਾਰਤ ਦੇ ਢਹਿਣ ਦੀ ਘਟਨਾ ਦੀ ਉੱਚਤਮ ਪੱਧਰ 'ਤੇ ਜਾਂਚ ਕਰਨ ਦੇ ਨਿਰਦੇਸ਼ ਦਿੱਤੇ ਨੇ। ਇਮਾਰਤ ਦੇ ਮਾਲਕ ਨੂੰ  ਗ੍ਰਿਫ਼ਤਾਰ ਕਰ ਲਿਆ ਗਿਆ ਏ।

- ਭਾਰਤੀ ਪੁਲਾੜ ਖੋਜ ਸੰਗਠਨ, ISRO ਦੇ ਚੇਅਰਮੈਨ, ਵੀ. ਨਾਰਾਇਣਨ ਨੇ ਇਸਰੋ ਦੇ ਨਿੱਜੀਕਰਨ ਦੀਆਂ ਖ਼ਬਰਾਂ ਦਾ ਖੰਡਨ ਕੀਤਾ ਏ।

- ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਨਵੀਂ ਦਿੱਲੀ ਵਿੱਚ, ਇੱਕ ਉੱਚ-ਪੱਧਰੀ ਮੀਟਿੰਗ ਦੌਰਾਨ, ਕ੍ਰਿਸ਼ੀ ਵਿਗਿਆਨ ਕੇਂਦਰਾਂ ਨੂੰ ਮਜ਼ਬੂਤ ਕਰਨ ਸੰਬੰਧੀ ਕਾਰਜ ਯੋਜਨਾ ਦੀ ਸਮੀਖਿਆ ਕੀਤੀ।

- ਭਾਰਤ ਦੀ ਸ਼ੀਤਲ ਦੇਵੀ, ਅਹਿਮਦਾਬਾਦ ਵਿੱਚ 'ਵਿਸ਼ਵ ਤੀਰਅੰਦਾਜ਼ੀ ਪੈਰਾ ਸੀਰੀਜ਼' ਵਿੱਚ ਔਰਤਾਂ ਦੇ ਕੰਪਾਊਂਡ ਵਿਅਕਤੀਗਤ ਮੁਕਾਬਲੇ ਦੇ ਫਾਈਨਲ ਵਿੱਚ, ਪਹੁੰਚ ਗਈ ਏ।

### *ਹੁਣ ਖਬਰਾਂ ਵਿਸਥਾਰ ਨਾਲ*

ਰੱਖਿਆ ਮੰਤਰੀ ਰਾਜਨਾਥ ਸਿੰਘ ਦੀ ਪ੍ਰਧਾਨਗੀ ਹੇਠ ਰੱਖਿਆ ਖ਼ਰੀਦ ਪ੍ਰੀਸ਼ਦ ਨੇ ਅੱਜ ਹਥਿਆਰਬੰਦ ਫੌਜਾਂ ਲਈ, ਇੱਕ ਲੱਖ 10 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀਆਂ ਪੂੰਜੀਗਤ ਰੱਖਿਆ ਖ਼ਰੀਦ ਤਜਵੀਜ਼ਾਂ ਨੂੰ ਮਨਜ਼ੂਰੀ ਦੇ ਦਿੱਤੀ ਏ। ਫੌਜ ਲਈ ਰਸਾਇਣਕ ਜੈਵਿਕ ਰੇਡੀਓਲੌਜੀਕਲ ਅਤੇ ਪ੍ਰਮਾਣੂ ਟੋਹੀ ਵਾਹਨ, ਉੱਚ ਗਤੀਸ਼ੀਲਤਾ ਵਾਹਨ, ਆਟੋਮੇਟਿਡ ਮਾਈਨ ਲੇਅਰ, ਐਡਵਾਂਸਡ ਲਾਈਟ ਹੈਲੀਕਾਪਟਰ, ਟਰਾਲ ਟੈਂਕ ਅਤੇ ਸਰਵਤਰਾ ਬ੍ਰਿਜ ਸਿਸਟਮ ਦੀ ਖਰੀਦ ਨੂੰ ਪ੍ਰਵਾਨਗੀ ਦਿੱਤੀ ਗਈ ਏ।

ਜਲ ਸੈਨਾ ਲਈ ਅਰੁਧਰਾ ਰਾਡਾਰ ਅਤੇ ਮਰੀਨ ਗੈਸ ਟਰਬਾਈਨ ਦੀ ਖਰੀਦ ਨੂੰ ਮਨਜ਼ੂਰੀ ਦਿੱਤੀ ਗਈ ਏ।

ਫੌਜ ਦੀਆਂ ਲੜਾਕੂ ਸਮਰੱਥਾਵਾਂ ਨੂੰ ਵਧਾਉਣ ਲਈ, ਜੰਗੀ ਜਹਾਜ਼ਾਂ, ਟਰਾਂਸਪੋਰਟ ਜਹਾਜ਼ਾਂ ਅਤੇ ਹੈਲੀਕਾਪਟਰਾਂ ਨਾਲ ਸਬੰਧਤ ਕਈ ਤਜਵੀਜ਼ਾਂ ਨੂੰ ਵੀ ਪ੍ਰਵਾਨਗੀ ਦਿੱਤੀ ਗਈ। ਇਸ ਤੋਂ ਇਲਾਵਾ, ਜ਼ਮੀਨੀ-ਅਧਾਰਤ ਬਹੁ-ਮੰਤਵੀ ਜੈਮਰਾਂ ਅਤੇ ਰੱਖਿਆ ਬਲਾਂ ਲਈ Secure Excess ਕਾਰਡ ਪ੍ਰਣਾਲੀ ਦੀ ਖਰੀਦ ਨੂੰ ਵੀ ਮਨਜ਼ੂਰੀ ਦਿੱਤੀ ਗਈ ਏ।

ਰੱਖਿਆ ਮੰਤਰਾਲੇ ਨੇ ਕਿਹਾ ਏ ਕਿ, 98 ਫ਼ੀਸਦੀ ਖਰੀਦ, ਭਾਰਤੀ ਉਦਯੋਗਾਂ ਤੋਂ ਹੋਵੇਗੀ।

---------------------------------------------------------------------------

ਦਿੱਲੀ ਹਾਈ ਕੋਰਟ ਨੇ ਦਿੱਲੀ ਨਗਰ ਨਿਗਮ (MCD) ਨੂੰ ਰਾਜਧਾਨੀ ਦੇ ਸੱਤਿਆ ਨਿਕੇਤਨ ਇਲਾਕੇ ਵਿੱਚ ਇੱਕ ਇਮਾਰਤ ਦੇ ਢਹਿਣ ਦੀ ਘਟਨਾ ਦੀ ਉੱਚਤਮ ਪੱਧਰ 'ਤੇ ਜਾਂਚ ਕਰਨ ਦੇ ਨਿਰਦੇਸ਼ ਦਿੱਤੇ ਨੇ। ਅਦਾਲਤ ਨੇ ਇਹ ਵੀ ਪਤਾ ਲਾਉਣ ਲਈ ਕਿਹਾ ਏ ਕਿ ਇਸ ਇਮਾਰਤ ਦੀ ਉਸਾਰੀ ਅਤੇ ਸੰਚਾਲਨ ਲਈ, ਵੈਧ ਮਨਜ਼ੂਰੀ ਲਈ ਗਈ ਸੀ ਜਾਂ ਨਹੀਂ ।

ਇਸ ਘਟਨਾ ਦਾ ਗੰਭੀਰ ਨੋਟਿਸ ਲੈਂਦਿਆਂ, ਅਦਾਲਤ ਨੇ ਦਿੱਲੀ ਨਗਰ ਨਿਗਮ ਨੂੰ ਇਹ ਹੁਕਮ ਵੀ ਦਿੱਤਾ ਕਿ ਉਹ ਇੱਕ ਹਫ਼ਤੇ ਦੇ ਅੰਦਰ-ਅੰਦਰ ਆਪਣੇ ਅਧਿਕਾਰ-ਖੇਤਰ ਵਿੱਚ ਆਉਂਦੀਆਂ ਸਾਰੀਆਂ 'ਪੇਇੰਗ ਗੈਸਟ' ਰਿਹਾਇਸ਼ਾਂ ਅਤੇ ਹੋਸਟਲਾਂ ਦਾ ਵਿਆਪਕ ਆਡਿਟ ਕਰੇ। ਅਦਾਲਤ ਨੇ

ਹਦਾਇਤ ਕੀਤੀ ਕਿ ਡਿੱਗੀ ਇਮਾਰਤ ਬਾਰੇ ਕੀਤੀ ਜਾਣ ਵਾਲੀ ਜਾਂਚ ਵਿੱਚ ਵਿਸ਼ੇਸ਼ ਤੌਰ 'ਤੇ ਇਹ ਦੇਖਿਆ ਜਾਵੇ ਕਿ ਕੀ ਸਾਰੀਆਂ ਲੋੜੀਂਦੀਆਂ ਮਨਜ਼ੂਰੀਆਂ ਲਈਆਂ ਗਈਆਂ ਸਨ। ਅਧਿਕਾਰੀਆਂ ਵੱਲੋਂ ਕਿਸੇ ਵੀ ਤਰ੍ਹਾਂ ਦੀ ਕੁਤਾਹੀ ਜਾਂ ਨਾਕਾਮੀ ਲਈ ਜ਼ਿੰਮੇਵਾਰ ਅਧਿਕਾਰੀਆਂ ਦੀ ਪਛਾਣ ਕੀਤੀ ਜਾਵੇ ਅਤੇ ਜ਼ਿੰਮੇਵਾਰ ਪਾਏ ਗਏ ਵਿਅਕਤੀਆਂ ਵਿਰੁੱਧ ਕੀਤੀ ਗਈ ਜਾਂ ਤਜਵੀਜ਼ਸ਼ੁਦਾ ਕਾਰਵਾਈ ਦਾ ਵੇਰਵਾ ਦਿੱਤਾ ਜਾਵੇ।

ਅਦਾਲਤ ਨੇ ਵਿਸ਼ੇਸ਼ ਤੌਰ 'ਤੇ ਪੀ.ਜੀ. ਰਿਹਾਇਸ਼ਾਂ ਅਤੇ ਨਿੱਜੀ ਹੋਸਟਲਾਂ ਦੇ ਸੰਚਾਲਨ ਨੂੰ ਨੇਮਬਧ ਕਰਨ ਵਾਲੇ ਕਿਸੇ ਰੈਗੂਲੇਟਰੀ ਢਾਂਚੇ ਦੀ ਮੌਜੂਦਗੀ ਬਾਰੇ ਵੀ ਵੇਰਵੇ ਮੰਗੇ ਨੇ।

ਇਸ ਤੋਂ ਇਲਾਵਾ, ਦਿੱਲੀ ਯੂਨੀਵਰਸਿਟੀ ਨੂੰ ਬਾਹਰਲੇ ਇਲਾਕਿਆਂ ਤੋਂ ਆਏ ਅਤੇ ਉੱਥੇ ਦਾਖਲ ਵਿਦਿਆਰਥੀਆਂ ਦੀ ਗਿਣਤੀ ਅਤੇ ਉਨ੍ਹਾਂ ਦੀ ਰਿਹਾਇਸ਼ ਲਈ ਉਪਲਬਧ ਹੋਸਟਲ ਸਹੂਲਤਾਂ ਬਾਰੇ ਵੇਰਵੇ ਮੁਹੱਈਆ ਕਰਵਾਉਣ ਲਈ ਵੀ ਕਿਹਾ ਗਿਆ ਏ।

ਇਸ ਮਾਮਲੇ ਵਿੱਚ ਕੇਂਦਰ, ਦਿੱਲੀ ਸਰਕਾਰ, ਦਿੱਲੀ ਪੁਲਿਸ ਅਤੇ ਐਮ.ਸੀ.ਡੀ. ਦੀ ਨੁਮਾਇੰਦਗੀ ਕਰਨ ਵਾਲੇ ਸਾਲਿਸਿਟਰ ਜਨਰਲ ਤੁਸ਼ਾਰ ਮਹਿਤਾ ਨੇ ਅਦਾਲਤ ਨੂੰ ਭਰੋਸਾ ਦਿਵਾਇਆ ਕਿ, ਇਸ ਘਟਨਾ ਨਾਲ ਨਜਿੱਠਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਹਾਈ ਕੋਰਟ ਨੇ ਸਬੰਧਤ ਅਧਿਕਾਰੀਆਂ ਨੂੰ ਦਸ ਦਿਨਾਂ ਦੇ ਅੰਦਰ-ਅੰਦਰ ਆਪਣੇ ਜਵਾਬ ਅਤੇ ਹਲਫ਼ਨਾਮੇ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ ਨੇ ਅਤੇ

ਮਾਮਲੇ ਦੀ ਅਗਲੀ ਸੁਣਵਾਈ, ਇਸ ਮਹੀਨੇ ਦੀ 25 ਤਰੀਕ ਲਈ ਤੈਅ ਕੀਤੀ ਗਈ ਏ।

---

ਦਿੱਲੀ ਦੇ ਮੁੱਖ ਮੰਤਰੀ ਰੇਖਾ ਗੁਪਤਾ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਏ ਕਿ ਸੱਤਿਆ ਨਿਕੇਤਨ 'ਚ ਇਮਾਰਤ ਹਾਦਸੇ ਦੇ ਸਬੰਧ ਵਿੱਚ, ਇਮਾਰਤ ਦੇ ਮਾਲਕ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਏ। ਇਸ ਤੋਂ ਇਲਾਵਾ, ਪੰਜ ਨਗਰ ਨਿਗਮ ਅਧਿਕਾਰੀਆਂ ਨੂੰ ਲਾਪਰਵਾਹੀ ਲਈ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰ ਦਿੱਤਾ ਗਿਆ ਏ। ਮੁਅੱਤਲ ਕੀਤੇ ਅਧਿਕਾਰੀਆਂ ਵਿੱਚ ਡਿਪਟੀ ਕਮਿਸ਼ਨਰ, ਸੁਪਰਡੈਂਟ ਇੰਜੀਨੀਅਰ, Executive ਇੰਜੀਨੀਅਰ, ਸਹਾਇਕ ਇੰਜੀਨੀਅਰ ਅਤੇ ਜੂਨੀਅਰ ਇੰਜੀਨੀਅਰ ਸ਼ਾਮਲ ਨੇ। ਸਖ਼ਤ ਰੁਖ਼ ਅਪਣਾਉਂਦਿਆਂ, ਮੁੱਖ ਮੰਤਰੀ ਨੇ ਦਿੱਲੀ ਭਰ ਵਿੱਚ ਪੰਜਵੀਂ ਮੰਜ਼ਿਲ ਤੋਂ ਉੱਪਰ ਦੀਆਂ ਇਮਾਰਤਾਂ ਨੂੰ ਤੁਰੰਤ ਸੀਲ ਕਰਨ ਦੇ ਹੁਕਮ ਦਿੱਤੇ ਨੇ। ਹਾਦਸੇ ਵਾਲੀ ਥਾਂ ਦੇ ਨੇੜੇ ਪੀ.ਜੀ ਅਤੇ ਹੋਰ ਇਮਾਰਤਾਂ ਦਾ ਵੀ ਨਿਰੀਖਣ ਕੀਤਾ ਜਾ ਰਿਹਾ ਏ।

**BYTE: REKHA GUPTA**

---

ਨਵੀਂ ਦਿੱਲੀ ਵਿੱਚ ਸੱਤਿਆ ਨਿਕੇਤਨ 'ਚ ਇਮਾਰਤ ਢਹਿਣ ਦੀ ਘਟਨਾ 'ਚ, ਮਰਨ ਵਾਲਿਆਂ ਦੀ ਗਿਣਤੀ ਸੱਤ ਹੋ ਗਈ ਏ। ਆਲ ਇੰਡੀਆ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼, ਦਿੱਲੀ ਨੇ ਦੱਸਿਆ ਕਿ ਕੁੱਲ 12 ਜ਼ਖ਼ਮੀਆਂ ਨੂੰ ਹਸਪਤਾਲ ਲਿਆਂਦਾ ਗਿਆ। ਉਨ੍ਹਾਂ ਵਿੱਚੋਂ ਛੇ ਦੀ ਮੌਤ ਹੋ ਗਈ ਤੇ ਇੱਕ ਨੇ ਬਾਅਦ ਵਿੱਚ ਜ਼ਖ਼ਮਾਂ ਦੀ ਤਾਬ ਨਾ ਝੱਲਦਿਆਂ ਦਮ ਤੋੜ ਦਿੱਤਾ। ਤਿੰਨ ਹੋਰਾਂ ਦੀ ਹਾਲਤ ਗੰਭੀਰ ਏ।

---------------------------------------------------

ਦਿੱਲੀ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋਫੈਸਰ ਯੋਗੇਸ਼ ਸਿੰਘ ਨੇ ਸੱਤਿਆ ਨਿਕੇਤਨ ਦੁਖਾਂਤ ਵਿੱਚ ਵਿਦਿਆਰਥੀਆਂ ਦੀਆਂ ਮੌਤਾਂ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ ਏ। ਇਸ ਸਬੰਧ ਵਿੱਚ ਵਾਈਸ-ਚਾਂਸਲਰ ਵੱਲੋਂ ਅੱਜ ਪ੍ਰਿੰਸੀਪਲਾਂ ਦੀ ਇੱਕ ਮੀਟਿੰਗ ਬੁਲਾਈ ਗਈ। ਮੀਟਿੰਗ ਦੌਰਾਨ ਹਾਦਸੇ ਵਿੱਚ ਮਾਰੇ ਗਏ ਵਿਦਿਆਰਥੀਆਂ ਲਈ ਸੰਵੇਦਨਾ ਪ੍ਰਗਟ ਕਰਨ ਲਈ ਦੋ ਮਿੰਟ ਦਾ ਮੌਨ ਰੱਖਿਆ ਗਿਆ। ਸ੍ਰੀ ਸਿੰਘ ਨੇ ਸਾਰੇ ਕਾਲਜ ਪ੍ਰਿੰਸੀਪਲਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ-ਆਪਣੇ ਕਾਲਜਾਂ ਵਿੱਚ ਵਿਦਿਆਰਥੀਆਂ ਲਈ ਉਪਲਬਧ ਰਿਹਾਇਸ਼ੀ ਸਹੂਲਤਾਂ ਦੀ ਸਮੀਖਿਆ ਕਰਨ, ਤਾਂ ਜੋ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ, ਜ਼ਰੂਰੀ ਕਦਮ ਚੁੱਕੇ ਜਾ ਸਕਣ।

---------------------------------------------------

ਭਾਰਤੀ ਪੁਲਾੜ ਖੋਜ ਸੰਗਠਨ ਦੇ ਚੇਅਰਮੈਨ, ਵੀ. ਨਾਰਾਇਣਨ ਨੇ ਇਸਰੋ ਦੇ ਨਿੱਜੀਕਰਨ ਦੀਆਂ ਖ਼ਬਰਾਂ ਨੂੰ ਖਾਰਜ ਕੀਤਾ ਏ। ਅੱਜ ਬੰਗਲੁਰੂ ਵਿੱਚ CII ਐਕਸਪੋ ਦੌਰਾਨ, ਮੀਡੀਆ ਨਾਲ ਗੱਲ ਕਰਦਿਆਂ, ਉਨ੍ਹਾਂ ਕਿਹਾ ਕਿ ਇਸਰੋ ਇੱਕ ਸਰਕਾਰੀ ਸੰਗਠਨ ਹੈ ਅਤੇ ਇਸ ਦੇ ਨਿੱਜੀਕਰਨ ਦਾ ਕੋਈ ਸਵਾਲ ਹੀ ਨਹੀਂ ਏ।

**BYTE: ISRO CHAIRMAN**

ਉਨ੍ਹਾਂ ਕਿਹਾ ਕਿ ਸਰਕਾਰ ਦੇ ਨਿਰਦੇਸ਼ਾਂ ਅਤੇ ਨਵੀਂ ਪੁਲਾੜ ਨੀਤੀ ਤਹਿਤ, ਪੁਲਾੜ ਗਤੀਵਿਧੀਆਂ ਦਾ ਵਿਸਥਾਰ ਕਰਨ ਲਈ ਪੁਲਾੜ ਪ੍ਰੋਗਰਾਮ ਵਿੱਚ ਨਿੱਜੀ ਖੇਤਰ ਦੀ ਭਾਗੀਦਾਰੀ ਵਧਾਈ ਜਾ ਰਹੀ ਏ। ਇਸਰੋ ਦੀ ਸੀਮਤ ਭੂਮਿਕਾ ਅਤੇ ਬਜਟ ਸੰਬੰਧੀ ਇਲਜ਼ਾਮਾਂਦੇ ਸੰਬੰਧ ਵਿੱਚ, ਸ੍ਰੀ ਨਾਰਾਇਣਨ ਨੇ ਕਿਹਾ ਕਿ ਇਸਰੋ ਦੀ ਭੂਮਿਕਾ ਕਈ ਗੁਣਾ ਵਧ ਗਈ ਏ ਅਤੇ ਸਰਕਾਰ ਦਾ ਬਜਟ ਇਸਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਕਾਫ਼ੀ ਏ।

---------------------------------------------------------------

ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਨਵੀਂ ਦਿੱਲੀ ਵਿੱਚ, ਇੱਕ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕੀਤੀ। ਮੀਟਿੰਗ ਵਿੱਚ ਰਾਜ ਦੀ ਭਾਗੀਦਾਰੀ ਵਧਾ ਕੇ ਕ੍ਰਿਸ਼ੀ ਵਿਗਿਆਨ ਕੇਂਦਰਾਂ ਨੂੰ ਮਜ਼ਬੂਤ ਕਰਨ ਦੀ ਕਾਰਜ ਯੋਜਨਾ ਦੀ ਸਮੀਖਿਆ ਕੀਤੀ ਗਈ। ਮੀਟਿੰਗ ਮੁੱਖ ਤੌਰ 'ਤੇ ਮਾਰਚ 2027 ਤੱਕ

300 ਤਰਜੀਹੀ ਕ੍ਰਿਸ਼ੀ ਵਿਗਿਆਨ ਕੇਂਦਰਾਂ ਦੇ ਬੁਨਿਆਦੀ ਢਾਂਚੇ ਨੂੰ ਆਧੁਨਿਕ ਬਣਾਉਣ 'ਤੇ ਕੇਂਦ੍ਰਿਤ ਸੀ। ਸ਼੍ਰੀ ਚੌਹਾਨ ਨੇ ਜ਼ੋਰ ਦੇ ਕੇ ਕਿਹਾ ਕਿ, ਨਿਰਧਾਰਤ ਸਮੇਂ ਸੀਮਾ ਦੇ ਅੰਦਰ ਟੀਚੇ ਨੂੰ ਪ੍ਰਾਪਤ ਕਰਨ ਲਈ ਰਾਜ ਸਰਕਾਰਾਂ ਤੋਂ ਸਰਗਰਮ ਭਾਗੀਦਾਰੀ ਅਤੇ ਸਮੇਂ ਸਿਰ ਸਹਾਇਤਾ ਬਹੁਤ ਜ਼ਰੂਰੀ ਏ। ਕੇਂਦਰੀ ਮੰਤਰੀ ਨੇ ਕਿਹਾ ਕਿ ਕ੍ਰਿਸ਼ੀ ਵਿਗਿਆਨ ਕੇਂਦਰਾਂ ਦੇ ਪੁਨਰ ਸੁਰਜੀਤੀ ਲਈ, ਕੇਂਦਰ ਅਤੇ ਰਾਜਾਂ ਵਿਚਕਾਰ ਬਿਹਤਰ ਤਾਲਮੇਲ, ਸਮੇਂ ਸਿਰ ਵਿੱਤੀ ਸਹਾਇਤਾ, ਆਧੁਨਿਕ ਬੁਨਿਆਦੀ ਢਾਂਚਾ, ਲੋੜੀਂਦੀ ਮਨੁੱਖੀ ਸ਼ਕਤੀ ਅਤੇ ਜ਼ਿਲ੍ਹਾ ਪੱਧਰੀ ਕਾਰਜ ਯੋਜਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਦੀ ਲੋੜ ਏ। ਉਨ੍ਹਾਂ ਨੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਕੇਂਦਰ ਅਤੇ ਹੋਰ ਹਿੱਸੇਦਾਰਾਂ ਨਾਲ ਤਾਲਮੇਲ ਵਧਾਉਣ ਦੀ ਅਪੀਲ ਕੀਤੀ ਤਾਂ ਜੋ ਕ੍ਰਿਸ਼ੀ ਵਿਗਿਆਨ ਕੇਂਦਰ ਖੇਤੀਬਾੜੀ ਤਕਨਾਲੋਜੀ, ਹੁਨਰ ਵਿਕਾਸ, ਨਵੀਨਤਾ ਅਤੇ ਪੇਂਡੂ ਉੱਦਮਤਾ ਦੇ ਪ੍ਰਸਾਰ ਲਈ ਪ੍ਰਭਾਵਸ਼ਾਲੀ ਮੰਚ ਵਜੋਂ ਉਭਰ ਸਕਣ।

---------------------------------------------------------------

ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਅੱਜ ਗੋਆ ਪੁਲਿਸ ਨੂੰ President Police Colour ਪ੍ਰਦਾਨ ਕੀਤਾ। ਇਹ ਸਮਾਰੋਹ ਗੋਆ 'ਚ ਤਾਲੇਗਾਂਵ ਦੇ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਇਨਡੋਰ ਸਟੇਡੀਅਮ ਵਿੱਚ ਆਯੋਜਿਤ ਹੋਇਆ। ਸ਼੍ਰੀ ਸ਼ਾਹ ਨੇ 1930 ਸਾਈਬਰ ਧੋਖਾਧੜੀ ਹੈਲਪਲਾਈਨ ਲਈ, ਇੱਕ ਆਰਟੀਫੀਸ਼ੀਅਲ ਇੰਟੈਲੀਜੈਂਸ-ਅਧਾਰਤ ਵੌਇਸ ਅਸਿਸਟੈਂਟ ਸੇਵਾ

ਵੀ ਸ਼ੁਰੂ ਕੀਤੀ। ਇਹ ਸੇਵਾ ਨਾਗਰਿਕਾਂ ਅਤੇ ਸੈਲਾਨੀਆਂ ਨੂੰ 12 ਭਾਸ਼ਾਵਾਂ ਵਿੱਚ ਤੁਰੰਤ ਸਹਾਇਤਾ ਪ੍ਰਦਾਨ ਕਰੇਗੀ।

ਸਮਾਰੋਹ ਵਿੱਚ, ਗ੍ਰਹਿ ਮੰਤਰੀ ਨੇ ਗੋਆ ਪੁਲਿਸ ਦੀ ਸੇਵਾ, ਪੇਸ਼ੇਵਰਤਾ, ਹਿੰਮਤ ਅਤੇ ਅਨੁਸ਼ਾਸਨ ਦੀ ਸ਼ਲਾਘਾ ਕੀਤੀ।

ਇਸ ਤੋਂ ਪਹਿਲਾਂ, ਗ੍ਰਹਿ ਮੰਤਰੀ ਨੇ ਪਣਜੀ ਵਿੱਚ, ਪੱਛਮੀ ਜ਼ੋਨਲ ਕੌਂਸਲ ਦੀ 28ਵੀਂ ਮੀਟਿੰਗ ਦੀ ਪ੍ਰਧਾਨਗੀ ਕੀਤੀ। ਮੀਟਿੰਗ ਵਿੱਚ ਕੇਂਦਰ ਅਤੇ ਮੈਂਬਰ ਰਾਜਾਂ ਨਾਲ ਸਬੰਧਤ ਮੁੱਦਿਆਂ 'ਤੇ ਚਰਚਾ ਕੀਤੀ ਗਈ, ਜਿਸ ਵਿੱਚ ਤਾਲਮੇਲ ਅਤੇ ਸਾਂਝੀ ਕਾਰਵਾਈ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਮੀਟਿੰਗ ਵਿੱਚ ਗੋਆ ਦੇ ਮੁੱਖ ਮੰਤਰੀ ਪ੍ਰਮੋਦ ਸਾਵੰਤ, ਗੁਜਰਾਤ ਦੇ ਮੁੱਖ ਮੰਤਰੀ ਭੂਪੇਂਦਰ ਪਟੇਲ ਅਤੇ ਮਹਾਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਸਮੇਤ ਹੋਰਨਾਂ ਨੇ ਸ਼ਿਰਕਤ ਕੀਤੀ।

---------------------------------------------------------------

ਬਿਹਾਰ ਵਿੱਚ ਹੜ੍ਹਾਂ ਦੀ ਹਾਲਤ ਗੰਭੀਰ ਬਣੀ ਹੋਈ ਏ। ਕਈ ਪ੍ਰਮੁੱਖ ਦਰਿਆਵਾਂ ਵਿੱਚ ਪਾਣੀ ਦਾ ਪੱਧਰ ਵਧਣ ਕਾਰਨ, 12 ਜ਼ਿਲ੍ਹਿਆਂ ਵਿੱਚ, ਦਸ ਲੱਖ ਤੋਂ ਵੱਧ ਲੋਕ ਪ੍ਰਭਾਵਿਤ ਹੋਏ ਨੇ।

ਗੰਗਾ ਅਤੇ ਕਈ ਹੋਰ ਪ੍ਰਮੁੱਖ ਦਰਿਆ ਚੜ੍ਹੇ ਹੋਏ ਨੇ। ਹੜ੍ਹਾਂ ਨਾਲ ਲਗਭਗ 22 ਲੱਖ 42 ਹਜ਼ਾਰ ਲੋਕ ਪ੍ਰਭਾਵਿਤ ਹੋਏ ਨੇ।

---

ਭਾਰਤ ਦੀ ਸ਼ੀਤਲ ਦੇਵੀ ਨੇ ਅੱਜ ਅਹਿਮਦਾਬਾਦ ਵਿੱਚ 'ਵਿਸ਼ਵ ਤੀਰਅੰਦਾਜ਼ੀ ਪੈਰਾ ਸੀਰੀਜ਼' ਦੇ ਤੀਜੇ ਪੜਾਅ ਵਿੱਚ ਔਰਤਾਂ ਦੇ ਕੰਪਾਊਂਡ ਵਿਅਕਤੀਗਤ ਮੁਕਾਬਲੇ ਦੇ ਫਾਈਨਲ ਵਿੱਚ, ਪਹੁੰਚ ਕੇ ਭਾਰਤ ਲਈ ਇੱਕ ਤਮਗਾ ਪੱਕਾ ਕਰ ਲਿਆ ਏ। ਸ਼ੀਤਲ ਨੇ ਸੈਮੀਫਾਈਨਲ ਵਿੱਚ, ਹਮਵਤਨ ਸਰਿਤਾ ਨੂੰ 145-143 ਨਾਲ ਹਰਾ ਕੇ, ਫਾਈਨਲ ਵਿਚ ਆਪਣੀ ਥਾਂ ਪੱਕੀ ਕੀਤੀ।

ਹੁਣ ਫਾਈਨਲ ਵਿੱਚ, ਸ਼ੀਤਲ ਦਾ ਮੁਕਾਬਲਾ ਕਜ਼ਾਕਿਸਤਾਨ ਦੀ Aizada Seidan ਨਾਲ ਹੋਵੇਗਾ।

---

ਨੇਪਾਲ ਦੀ ਰਾਸ਼ਟਰੀ ਆਫ਼ਤ ਜੋਖਮ ਪ੍ਰਬੰਧਨ ਅਥਾਰਟੀ ਅਨੁਸਾਰ, ਨੇਪਾਲ ਵਿੱਚ ਆਏ ਤਬਾਹਕੁੰਨ ਹੜ੍ਹਾਂ ਕਾਰਨ, ਮਰਨ ਵਾਲਿਆਂ ਦੀ ਗਿਣਤੀ ਇੱਕ ਹਜ਼ਾਰ 355 ਹੋ ਗਈ ਏ। ਚਿਤਵਾਨ ਵਿੱਚ ਸਭ ਤੋਂ ਵੱਧ 363 ਮੌਤਾਂ ਦਰਜ ਕੀਤੀਆਂ ਗਈਆਂ ਨੇ।

---

- ਰੱਖਿਆ ਖ਼ਰੀਦ ਪ੍ਰੀਸ਼ਦ ਨੇ ਅੱਜ ਹਥਿਆਰਬੰਦ ਫੌਜਾਂ ਲਈ, ਇੱਕ ਲੱਖ 10 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀਆਂ ਰੱਖਿਆ ਖ਼ਰੀਦ ਤਜਵੀਜ਼ਾਂ ਨੂੰ ਮਨਜ਼ੂਰੀ ਦੇ ਦਿੱਤੀ ਏ।

- ਦਿੱਲੀ ਹਾਈ ਕੋਰਟ ਨੇ ਦਿੱਲੀ ਨਗਰ ਨਿਗਮ ਨੂੰ ਰਾਜਧਾਨੀ ਦੇ ਸੱਤਿਆ ਨਿਕੇਤਨ ਇਲਾਕੇ ਵਿੱਚ, ਇੱਕ ਇਮਾਰਤ ਦੇ ਢਹਿਣ ਦੀ ਘਟਨਾ ਦੀ ਉੱਚਤਮ ਪੱਧਰ 'ਤੇ ਜਾਂਚ ਕਰਨ ਦੇ ਨਿਰਦੇਸ਼ ਦਿੱਤੇ ਨੇ। ਇਮਾਰਤ ਦੇ ਮਾਲਕ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਏ।

- ਭਾਰਤੀ ਪੁਲਾੜ ਖੋਜ ਸੰਗਠਨ, ISRO ਦੇ ਚੇਅਰਮੈਨ, ਵੀ. ਨਾਰਾਇਣਨ ਨੇ ਇਸਰੋ ਦੇ ਨਿੱਜੀਕਰਨ ਦੀਆਂ ਖ਼ਬਰਾਂ ਦਾ ਖੰਡਨ ਕੀਤਾ ਏ।

- \- ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਨਵੀਂ ਦਿੱਲੀ ਵਿੱਚ, ਇੱਕ ਉੱਚ-ਪੱਧਰੀ ਮੀਟਿੰਗ ਦੌਰਾਨ, ਕ੍ਰਿਸ਼ੀ ਵਿਗਿਆਨ ਕੇਂਦਰਾਂ ਨੂੰ ਮਜ਼ਬੂਤ ਕਰਨ ਸੰਬੰਧੀ ਕਾਰਜ ਯੋਜਨਾ ਦੀ ਸਮੀਖਿਆ ਕੀਤੀ।

- ਭਾਰਤ ਦੀ ਸ਼ੀਤਲ ਦੇਵੀ, ਅਹਿਮਦਾਬਾਦ ਵਿੱਚ 'ਵਿਸ਼ਵ ਤੀਰਅੰਦਾਜ਼ੀ ਪੈਰਾ ਸੀਰੀਜ਼' ਵਿੱਚ ਔਰਤਾਂ ਦੇ ਕੰਪਾਊਂਡ ਵਿਅਕਤੀਗਤ ਮੁਕਾਬਲੇ ਦੇ ਫਾਈਨਲ ਵਿੱਚ, ਪਹੁੰਚ ਗਈ ਏ।

------------------------------------------------------------

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਰਾਸ਼ਟਰੀ ਖ਼ਬਰਾਂ ਦਾ ਬੁਲੇਟਿਨ, ਭਲਕੇ ਸਵੇਰੇ ਸਾਢੇ 8 ਵਜੇ ਹੋਏਗਾ। ਨਮਸਕਾਰ!**